# VIGILANCE BUREAU, PUNJAB

## VIGILANCE NABS PSPCL JE FOR TAKING BRIBE

Chandigarh, October 29: State Vigilance Bureau today nabbed Junior Engineer (JE) of PSPCL red handed while accepting bribe of Rs. 20,000.

Disclosing this an official spokesperson of the Vigilance Bureau said Paviter Singh JE posted at PSPCL Sub-division Beeja, Ludhiana district has been nabbed red handed on the complaint of Paramjeet Singh, resident of Guru Harkrishan Nagar, Malerkotla.

The complaint has approached the VB and alleged that the above said JE was demanding Rs.50,000 for installation of his electricity meter but the deal was struck at Rs. 40,000.

After verifying his information, a Vigilance team laid a trap and the accused JE arrested on the spot while accepting bribe of Rs. 20,000 as a first installment from the complainant in the presence of two official witnesses.

He informed that a case under Prevention of Corruption Act has been registered against the accused at VB police station Ludhiana and further investigation was under progress.

------------------

**ਵਿਜੀਲੈਂਸ ਬਿਓਰੋ ਪੰਜਾਬ**

**ਵਿਜੀਲੈਂਸ ਵਲੋਂ ਪੀ.ਐਸ.ਪੀ.ਸੀ.ਐਲ ਦਾ ਜੇ.ਈ 20,000 ਰੁਪਏ ਰਿਸ਼ਵਤ ਲੈਂਦੇ ਕਾਬੂ**

ਚੰਡੀਗੜ , 29 ਅਕਤੂਬਰ:

ਵਿਜੀਲੈਂਸ ਬਿਊਰੋ ਪੰਜਾਬ ਵੱਲੋਂ ਅੱਜ ਪੀ.ਐਸ.ਪੀ.ਸੀ.ਐਲ ਸਬ-ਡਵੀਜ਼ਨ ਬੀਜਾ, ਜਿਲਾ ਲੁਧਿਆਣਾ ਵਿਖੇ ਤਾਇਨਾਤ ਜੇ. ਈ. ਪਵਿੱਤਰ ਸਿੰਘ ਸਿੰਘ ਨੂੰ 20,000 ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀ ਕਾਬੂ ਕੀਤਾ ਗਿਆ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਜੇ.ਈ ਨੂੰ ਪਰਮਜੀਤ ਸਿੰਘ, ਵਾਸੀ ਗੁਰੂ ਹਰਕ੍ਰਿਸ਼ਨ ਨਗਰ ਮਲੇਰਕੋਟਲਾ ਦੀ ਸ਼ਿਕਾਇਤ ਉੱਤੇ 20 ਹਜਾਰ ਰੁਪਏ ਰਿਸ਼ਵਤ ਲੈਦਿਆਂ ਰੰਗੇ ਹੱਥੀ ਕਾਬੂ ਕੀਤਾ ਗਿਆ ਹੈ।

ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਕਤ ਜੇ.ਈ ਵਲੋਂ ਉਸ ਦਾ ਬਿਜਲੀ ਦਾ ਮੀਟਰ ਕੁਨੈਕਸ਼ਨ ਲਗਾਉਣ ਬਦਲੇ 50, 000 ਰੁਪਏ ਦੀ ਮੰਗ ਕੀਤੀ ਗਈ ਹੈ ਅਤੇ ਸੌਦਾ 40,000 ਰੁਪਏ ਵਿਚ ਤੈਅ ਹੋਇਆ ਹੈ।

ਵਿਜੀਲੈਂਸ ਵਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਜੇ.ਈ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ ਪਹਿਲੀ ਕਿਸ਼ਤ ਦੇ 20,000 ਰੁਪਏ ਦੀ ਰਿਸ਼ਵਤ ਲੈਂਦਿਆਂ ਦਬੋਚ ਲਿਆ।

ਬੁਲਾਰੇ ਨੇ ਦੱਸਿਆ ਕਿ ਉਕਤ ਦੋਸ਼ੀ ਖਿਲਾਫ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਲੁਧਿਆਣਾ ਵਿਖੇ ਮੁਕਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਗਈ ਹੈ।

-------------------